Vigilance Bureau Punjab

## Vigilance nabs AFSO for taking bribe Rs. 20,000/-

Chandigarh, July 12: State Vigilance Bureau, today nabbed an Assistant Food & Supplies Officer (AFSO) posted at Sanour in district Patiala red handed for accepting bribe of Rs. 20,000.

Disclosing this here today a spokesman of Vigilance Bureau Punjab said AFSO Jeevan Kumar was caught red handed on the complaint of Jagwinder Singh of village Bhanri in Patiala district.

Giving details, he said the complainant has approached the VB and alleged that the above named AFSO was demanding bribe of Rs. 25,000 for issuing him a license to open new ration depot in his village and the deal was struck at Rs. 20,000/-. After verifying his complaint the VB team laid a trap and the accused was caught red handed and tainted money was recovered from him in the presence of two official witnesses.

He informed that a case under Prevention of Corruption Act has been registered against both the accused at VB police station Patiala and further investigation was under progress.

–––––––––––––––––

**ਵਿਜੀਲੈਂਸ ਬਿਓਰੋ ਪੰਜਾਬ**

**ਵਿਜੀਲੈਂਸ ਵਲੋਂ ਸਹਾਇਕ ਫੂਡ ਸਪਲਾਈ ਅਫਸਰ 20,000 ਰੁਪਏ ਦੀ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ**

ਚੰਡੀਗੜ੍ਹ 12 ਜੁਲਾਈਃ ਵਿਜੀਲੈਂਸ ਬਿਊਰੋ ਪੰਜਾਬ ਵੱਲੋਂ ਅੱਜ ਸਨੌਰ ਜਿਲ੍ਹਾ ਪਟਿਆਲਾ ਵਿਖੇ ਤਾਇਨਾਤ ਸਹਾਇਕ ਫੂਡ ਸਪਲਾਈ ਅਫਸਰ (ਏ.ਐਫ.ਐਸ.ਓ) ਨੂੰ 20,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਏ.ਐਫ.ਐਸ.ਓ ਸਨੌਰ ਜੀਵਨ ਕੁਮਾਰ ਨੂੰ ਸ਼ਿਕਾਇਤਕਰਤਾ ਜਗਵਿੰਦਰ ਸਿੰਘ ਵਾਸੀ ਪਿੰਡ ਭਾਨਰੀ ਜਿਲਾ ਪਟਿਆਲਾ ਦੀ ਸ਼ਿਕਾਇਤ ਉੱਤੇ ਵਿਜੀਲੈਂਸ ਬਿਓਰੋ ਵਲੋਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਕਤ ਏ.ਐਫ.ਐਸ.ਓ ਵਲੋਂ ਉਸ ਨੂੰ ਸਸਤੇ ਰਾਸ਼ਨ ਦਾ ਸਰਕਾਰੀ ਡਿੱਪੂ ਖੋਲਣ ਲਈ ਨਵਾਂ ਲਾਈਸੈਂਸ ਜਾਰੀ ਕਰਨ ਬਦਲੇ 25000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 20,000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵਲੋਂ ਪੜਤਾਲ ਉਪਰੰਤ ਉਕਤ ਏ.ਐਫ.ਐਸ.ਓ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 20,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਵਿਖੇ ਮੁਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

---------------